# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-03-2025**

- ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਰੂਸ-ਯੂਕਰੇਨ ਜੰਗ 'ਤੇ ਧਿਆਨ ਦੇਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸਮੇਤ ਦੁਨੀਆ ਦੇ ਕਈ ਨੇਤਾਵਾਂ ਦਾ ਧੰਨਵਾਦ ਕੀਤਾ ਏ।
- ਭਾਰਤ ਨੇ ਪਾਕਿਸਤਾਨ ਦੇ ਇਨ੍ਹਾਂ ਇਲਜ਼ਾਮਾਂ ਨੂੰ ਬੇਬੁਨਿਆਦ ਕਰਾਰ ਦਿੱਤਾ ਏ, ਕਿ ਉੱਥੇ ਰੇਲਗੱਡੀ ਨੂੰ ਅਗਵਾ ਕਰਨ ਵਿੱਚ ਭਾਰਤ ਦਾ ਹੱਥ ਸੀ।
- ਰੰਗਾਂ ਦਾ ਤਿਉਹਾਰ ਹੋਲੀ, ਪੂਰੇ ਦੇਸ਼ ਦੇ ਨਾਲ-ਨਾਲ ਪੰਜਾਬ ਵਿੱਚ ਵੀ ਬੜੀ ਉਤਸ਼ਾਹ ਨਾਲ ਮਨਾਇਆ ਗਿਆ .
- ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਦਾ ਅੱਜ ਦੂਜਾ ਦਿਨ ਏ. ਇਸ ਮੌਕੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸ੍ਰੀ ਅਨੰਦਪੁਰ ਸਾਹਿਬ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਇਆ ਜਾਏਗਾ.

- ਪੰਜਾਬ ਵਿੱਚ, ਪਹਿਲੀ ਮਾਰਚ ਤੋਂ ਸ਼ੁਰੂ ਕੀਤੀ ਗਈ ਨਸ਼ਿਆਂ ਵਿਰੁੱਧ ਮੁਹਿੰਮ'ਚ ਹੁਣ ਤਕ, ਰਾਜ ਵਿੱਚ 1750 ਤੋਂ ਵੱਧ ਨਸ਼ਾ ਤਸਕਰਾਂ, ਨੂੰ ਗ੍ਰਿਫਤਾਰ ਕੀਤਾ ਜਾ ਚੁਕਿਆ ਏ.

------------------------------------------------------------

ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਰੂਸ-ਯੂਕਰੇਨ ਜੰਗ 'ਤੇ ਧਿਆਨ ਦੇਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਸਮੇਤ ਵਿਸ਼ਵ ਦੇ ਕਈ ਨੇਤਾਵਾਂ ਦਾ ਧੰਨਵਾਦ ਕੀਤਾ ਏ । ਕੱਲ੍ਹ ਬੇਲਾਰੂਸ ਦੇ ਰਾਸ਼ਟਰਪਤੀ ਅਲੈਗਜ਼ੈਂਡਰ ਲੂਕਾਸ਼ੇਂਕੋ ਦੇ ਨਾਲ ਇੱਕ ਸਾਂਝੀ ਪ੍ਰੈਸ ਕਾਨਫਰੰਸ ਵਿੱਚ, ਸ਼੍ਰੀ ਪੁਤਿਨ ਨੇ ਕਈ ਵਿਸ਼ਵ ਚੁਣੌਤੀਆਂ ਦੇ ਬਾਵਜੂਦ ਜੰਗ ਪ੍ਰਭਾਵਿਤ ਖੇਤਰ ਵਿੱਚ ਸ਼ਾਂਤੀ ਲਿਆਉਣ ਲਈ ਭਾਰਤ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਬ੍ਰਾਜ਼ੀਲ ਅਤੇ ਦੱਖਣੀ ਅਫਰੀਕਾ ਦੇ ਰਾਸ਼ਟਰਪਤੀਆਂ ਸਮੇਤ ਕਈ ਵਿਸ਼ਵ ਨੇਤਾਵਾਂ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰੂਸ-ਯੂਕਰੇਨ ਜੰਗ 'ਤੇ ਕਿਹਾ ਸੀ ਕਿ ਭਾਰਤ ਸ਼ਾਂਤੀ ਦੇ ਪੱਖ 'ਚ ਏ -
ਬਾਈਟ

------------------------------------------------------------

ਭਾਰਤ ਨੇ ਪਾਕਿਸਤਾਨ ਦੇ ਇਨ੍ਹਾਂ ਇਲਜ਼ਾਮਾਂ ਨੂੰ ਬੇਬੁਨਿਆਦ ਕਰਾਰ ਦਿੱਤਾ ਏ, ਕਿ ਉੱਥੇ ਰੇਲਗੱਡੀ ਨੂੰ ਅਗਵਾ ਕਰਨ ਵਿੱਚ ਭਾਰਤ ਦਾ ਹੱਥ

ਸੀ। ਪਾਕਿਸਤਾਨ ਦੇ ਇਲਜ਼ਾਮਾਂ 'ਤੇ ਮੀਡੀਆ ਦੇ ਸਵਾਲਾਂ ਦੇ ਜਵਾਬ 'ਚ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਕਿ ਭਾਰਤ ਪਾਕਿਸਤਾਨ ਦੇ ਬੇਬੁਨਿਆਦ ਇਲਜ਼ਾਮਾਂ ਨੂੰ ਸਾਫ ਤੌਰ 'ਤੇ ਰੱਦ ਕਰਦਾ ਏ। ਉਨ੍ਹਾਂ ਕਿਹਾ ਕਿ ਪੂਰੀ ਦੁਨੀਆ ਜਾਣਦੀ ਏ  ਕਿ ਆਲਮੀ ਦਹਿਸ਼ਤਗਰਦੀ ਦਾ ਕੇਂਦਰ ਕਿੱਥੇ ਏ। ਬੁਲਾਰੇ ਨੇ ਇਹ ਵੀ  ਕਿਹਾ ਕਿ ਪਾਕਿਸਤਾਨ ਨੂੰ ਆਪਣੀਆਂ ਅੰਦਰੂਨੀ ਸਮੱਸਿਆਵਾਂ ਅਤੇ ਨਾ – ਕਾਮਯਾਬੀਆਂ ਲਈ ਉਂਗਲ ਉਠਾਉਣ ਅਤੇ ਦੂਜਿਆਂ 'ਤੇ ਇਲ੍ਜ਼ਾਮ ਲਾਉਣ ਦੀ ਬਜਾਏ ਆਪਣੇ ਅੰਦਰ ਝਾਤੀ ਮਾਰਨੀ ਚਾਹੀਦੀ ਏ।

-------------------------------------------------------

ਰੰਗਾਂ ਦਾ ਤਿਉਹਾਰ ਹੋਲੀ, ਪੂਰੇ ਦੇਸ਼ ਦੇ ਨਾਲ-ਨਾਲ ਪੰਜਾਬ ਵਿੱਚ ਵੀ ਬੜੀ ਉਤਸ਼ਾਹ ਨਾਲ ਮਨਾਇਆ ਗਿਆ .ਸਵੇਰ ਤੋਂ ਹੀ ਲੋਕ ਆਪਣੇ ਮਿੱਤਰਾਂ ਤੇ ਰਿਸ਼ਤੇਦਾਰਾਂ ਨੂੰ ਰੰਗਣ ਲਈ ਜੋਸ਼ ‘ਚ ਨਜ਼ਰ ਆਏ. ਹਾਲਾਂਕਿ ਹੁਣ ਲੋਕ ਹੌਲੀ – ਹੌਲੀ ਇਸ ਤਿਉਹਾਰ ਨੂੰ ਸਹਿਜ ਢੰਗ ਅਤੇ ਸਮਾਜਿਕ ਵਿਸ਼ਿਆਂ ਨਾਲ ਜੋੜ ਕੇ ਮਨਾਉਣ ਲਗੇ ਨੇ –BYTE -

-------------------------------------------------------

ਪੰਜਾਬ ਦੇ ਅੰਮ੍ਰਿਤਸਰ ਦੇ ਪ੍ਰਸਿੱਧ ਦੁਰਗਿਆਣਾ ਮੰਦਿਰ ਵਿਖੇ ਅੱਜ ਹੋਲੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਮੰਦਿਰ ਵਿਖੇ ਮੱਥਾ ਟੇਕਿਆ, ਤੇ ਮੱਥਾ

ਟੇਕਣ ਉਪਰੰਤ ਹੋਲੀ ਖੇਡੀ। ਬਹੁਤ ਸਾਰੇ ਸ਼ਰਧਾਲੂ ਠਾਕੁਰ ਜੀ ਨੂੰ ਦੁਰਗਿਆਣਾ ਮੰਦਰ ਲੈ ਕੇ ਆਏ, ਜਿੱਥੇ ਲੋਕਾਂ ਨੇ ਠਾਕੁਰ ਜੀ ਨਾਲ ਹੋਲੀ ਵੀ ਖੇਡੀ।

```
-----------------------------------------------------------------
```

ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਦਾ ਅੱਜ ਦੂਸਰਾ ਦਿਨ ਏ ਅਤੇ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਸੰਗਤਾਂ ਅਨੰਦਪੁਰ ਸਾਹਿਬ ਦੀ ਧਰਤੀ ਤੇ ਹੋਲਾ ਮਹੱਲਾ ਮਨਾਉਣ ਲਈ ਪਹੁੰਚ ਰਹੀਆਂ ਨੇ। ਅਨੰਦਪੁਰ ਸਾਹਿਬ ਦੀ ਧਰਤੀ ਖਾਲਸਾਈ ਰੰਗ ਵਿੱਚ ਰੰਗੀ ਹੋਈ ਏ ਅਤੇ ਨਿਹੰਗ ਸਿੰਘਾਂ ਦੇ ਵੱਖ-ਵੱਖ ਜਥੇ, ਨਿਹੰਗ ਸਿੰਘ ਜਥੇਦਾਰ ਛਾਉਣੀਆਂ ਵਿਖੇ ਪਹੁੰਚ ਰਹੇ ਨੇ. ਹੋਲੇ ਮੁਹੱਲੇ ਦੇ ਆਖ਼ਰੀ ਦਿਨ ਭਲਕੇ 15 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਸਿੰਘ ਸਾਹਿਬਾਨਾਂ ਦੀ ਅਗਵਾਈ ਹੇਠ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਮੁਹੱਲਾ ਕੱਢਿਆ ਜਾਵੇਗਾ, ਜਿਸ ਵਿੱਚ ਤਖ਼ਤਾਂ ਦੇ ਜਥੇਦਾਰਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਵੱਖ ਵਖ ਨਿਹੰਗ ਸਿੰਘ ਜਥੇਬੰਦੀਆਂ ਸ਼ਾਮਿਲ ਹੋਣਗੀਆਂ। ਹੋਲੇ ਮੁਹੱਲੇ ਦੇ ਆਖਰੀ ਦਿਨ ਰਵਾਇਤ ਅਨੁਸਾਰ ਚਰਨ ਗੰਗਾ ਸਟੇਡੀਅਮ ਵਿਖੇ ਖਾਲਸਾਈ ਖੇਡਾਂ ਦਾ ਪ੍ਰਦਰਸ਼ਨ ਵੀ ਕੀਤਾ ਜਾਂਦਾ ਏ ।

---------------------------------------------------------------------------------

ਅੱਜ ਹੋਲਾ ਮਹੱਲਾ ਦੇ ਦੂਜੇ ਦਿਨ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਗੁਰੂ ਚਰਨਾਂ ਵਿੱਚ ਨਤਮਸਤਕ ਹੋਣ ਲਈ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਪੁੱਜੇ। ਇਸ ਮੌਕੇ ਉਹਨਾਂ ਨਾਲ ਹੋਰ ਪਤਵੰਤੇ ਵੀ ਮੌਜੂਦ ਸਨ. ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਖਾਲਸੇ ਦੇ ਕੌਮੀ ਤਿਉਹਾਰ ਹੋਲਾ ਮਹੱਲਾ ਦੀਆਂ ਸਾਰੀਆਂ ਨੂੰ ਮੁਬਾਰਕਾਂ ਦਿੱਤੀਆਂ। ਉਹਨਾਂ ਕਿਹਾ ਕਿ ਹੋਲਾ ਮਹੱਲਾ ਸਿਰਫ ਇੱਕ ਧਰਮ ਜਾਂ ਇੱਕ ਬਿਰਾਦਰੀ ਦੇ ਲੋਕਾਂ ਦਾ ਤਿਉਹਾਰ ਨਹੀਂ ਸਗੋਂ ਸਮੁੱਚੀ ਮਾਨਵਤਾ ਦਾ  ਤਿਉਹਾਰ ਏ ਤੇ ਅੱਜ ਦੇਸ਼ ਅਤੇ ਦੁਨੀਆਂ ਤੋਂ ਲੱਖਾਂ ਦੀ ਤਾਦਾਦ ਦੇ ਵਿੱਚ ਸੰਗਤ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਰਹੀ ਏ । ਇਸ ਮੌਕੇ ਉਹਨਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਤਰੱਕੀ ਅਤੇ ਇੱਥੋਂ ਦੇ ਬੁਨਿਆਦੀ ਢਾਂਚੇ  ਨੂੰ ਬਿਹਤਰ ਬਣਾਇਆ ਜਾਏਗਾ ਤੇ ਜਲਦ ਹੀ ਮਲਟੀ ਸਪੈਸ਼ਲਿਟੀ ਹੋਸਪਿਟਲ ਤੇ ਇਲਾਕੇ ਦੀ ਲੋਧ ਮੁਤਾਬਿਕ ਸਹੂਲਤਾਂ  ਨੂੰ ਪਹਿਲ ਦੇ ਅਧਾਰ ਤੇ ਪੂਰਾ ਕੀਤਾ ਜਾਵੇਗਾ.

---------------------------------------------------------------------------------

ਸੂਬੇ ਭਰ ਵਿਚ ਅੱਜ ਹੋਲੀ ਮੌਕੇ ਖਾਸ ਪੁਲਿਸ ਨਿਗਰਾਨੀ ਕੀਤੀ ਗਈ. ਇਸੇ ਸੰਬੰਧ ‘ਚ ਸ਼੍ਰੀ ਮੁਕਤਸਰ ਸਾਹਿਬ ਵਿਖੇ, ਪੁਲਿਸ ਨੇ ਹੋਲੀ ਦੇ

ਬਹਾਨੇ ਹੁੱਲੜਬਾਜ਼ੀ ਕਰਨ ਵਾਲਿਆਂ ਦੇ ਖਿਲਾਫ ਸਖਤ ਕਾਰਵਾਈ ਕੀਤੀ. ਸ਼ਹਿਰ ਵਿੱਚ ਟਰੈਫਿਕ ਪੁਲਿਸ ਵੱਲੋਂ ਵੱਖ-ਵੱਖ ਥਾਵਾਂ ਤੇ ਨਾਕਾਬੰਦੀ ਕੀਤੀ ਗਈ ਤੇ ਅਜਿਹੇ ਵਾਨ ਚਾਲਕਾਂ ਦੇ ਚਲਾਨ ਕੀਤੇ ਗਏ ਜੋ ਕਿ ਹੁੱਲੜਬਾਜ਼ੀ ਕਰ ਰਹੇ ਸਨ। ਟ੍ਰੈਫਿਕ ਇੰਚਾਰਜ ਤਰਸੇਮ ਸਿੰਘ ਨੇ ਦੱਸਿਆ ਕਿ ਰੰਗਾਂ ਦਾ ਤਿਉਹਾਰ ਹੱਸਦੇ ਖੇਡਦੇ ਹੋਏ ਮਨਾਉਣਾ ਚਾਹੀਦਾ ਪਰ ਕੁਝ ਲੋਕ ਇਸ ਬਹਾਨੇ ਹੁੱਲੜਬਾਜ਼ੀ ਕਰਦੇ ਨੇ ਜਿਨਾਂ ਖਿਲਾਫ ਪੁਲਿਸ ਵੱਲੋਂ ਅੱਜ ਕਾਰਵਾਈ ਕੀਤੀ ਜਾ ਰਹੀ ਏ । ਉਧਰ, ਸ਼ਹਿਰ ਨਿਵਾਸੀਆਂ ਨੇ ਇਸ ਕਾਰਵਾਈ ਤੇ ਖੁਸ਼ੀ ਪ੍ਰਗਟ ਕੀਤੀ ਏ.

--------------------------------------------------------------------

ਪੰਜਾਬ ਵਿੱਚ, ਪਹਿਲੀ ਮਾਰਚ ਤੋਂ ਸ਼ੁਰੂ ਕੀਤੀ ਗਈ ਨਸ਼ਿਆਂ ਵਿਰੁੱਧ ਮੁਹਿੰਮ'ਚ ਹੁਣ ਤਕ, ਰਾਜ ਵਿੱਚ 1750 ਤੋਂ ਵੱਧ ਨਸ਼ਾ ਤਸਕਰਾਂ, ਤੇ ਹੋਰਨਾਂ ਨੂੰ ਗ੍ਰਿਫਤਾਰ ਕੀਤਾ ਜਾ ਚੁਕਿਆ ਏ ਅਤੇ ਉਨ੍ਹਾਂ ਦੀਆਂ 29 ਗੈਰ-ਕਾਨੂੰਨੀ ਜਾਇਦਾਦਾਂ ਨੂੰ ਜ਼ਬਤ ਕੀਤਾ ਗਿਆ ਏ. 'ਯੁੱਧ ਨਸ਼ਿਆਵਾਂ ਵਿਰੁਧ' ਮੁਹਿੰਮ ਦੌਰਾਨ 80 ਕਿਲੋਗ੍ਰਾਮ ਤੋਂ ਵੱਧ ਹੈਰੋਇਨ, ਭੁੱਕੀ, ਅਫੀਮ, ਗਾਂਜਾ, ICE ਅਤੇ ਪਾਬੰਦੀਸ਼ੁਦਾ ਦਵਾਈਆਂ, ਹਥਿਆਰ ਅਤੇ ਗੋਲੀ ਸਿੱਕੇ ਤੋਂ ਇਲਾਵਾ 60 ਲੱਖ ਰੁਪਏ ਦੀ ਨਸ਼ੀਲੇ ਪਦਾਰਥਾਂ ਦੀ ਰਕਮ ਵੀ ਜ਼ਬਤ ਕੀਤੀ ਗਈ ਏ । ਇਸ ਮੁਹਿੰਮ

ਬਾਰੇ ਕੈਬਨਿਟ ਉਪ-ਕਮੇਟੀ ਦੇ ਚੇਅਰਮੈਨ, ਐਡਵੋਕੇਟ ਹਰਪਾਲ ਸਿੰਘ ਚੀਮਾ ਨੇ, ਜੋ ਕਿ ਸੂਬੇ ਦੇ ਖਜ਼ਾਨਾ ਮੰਤਰੀ ਵੀ ਨੇ, ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਲੋਕਾਂ ਨੂੰ ਜਾਗਰੂਕ ਕਰਨ ਅਤੇ ਉਨ੍ਹਾਂ ਦੀ ਸਰਗਰਮ ਹਿੱਸੇਦਾਰੀ ਨੂੰ ਉਤਸ਼ਾਹਿਤ ਕਰਨ ਲਈ ਵਿਦਿਆਰਥੀਆਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਸ਼ਾਮਲ ਕਰਨ ਲਈ ਇੱਕ ਠੋਸ ਮੁਹਿੰਮ ਵੀ ਜਾਰੀ ਏ

-----------------------------------------------------------------

ਇਸੇ ਸੰਬੰਧ'ਚ, ਕਲ੍ਹ ਜ਼ਿਲਾ ਫਤਿਹਗੜ੍ਹ ਸਾਹਿਬ ਦੇ ਅਮਲੋਹ ਦੇ ਇਕ ਮੈਡੀਕਲ ਸਟੋਰ ਤੇ ਅਮਲੋਹ ਪੁਲਿਸ ਵਲੋਂ ਛਾਪੇਮਾਰੀ ਕੀਤੀ ਗਈ ਜਿਸ ਵਿੱਚ ਟੀਮ ਨੂੰ ਵੱਡੀ ਗਿਣਤੀ'ਚ ਨਗਦ ਰਕਮ ਮਿਲੀ. ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਅਮਲੋਹ, ਗੁਰਦੀਪ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਏ,ਜਿਸ ਤਹਿਤ ਪੁਲਿਸ ਵਲੋਂ ਡਰੱਗ ਇੰਸਪੈਕਟਰ ਦੀ ਅਗਵਾਈ ਵਿੱਚ ਅਮਲੋਹ ਦੇ ਵੱਖ-ਵੱਖ ਮੈਡੀਕਲਾਂ ਜਾਂਚ ਕੀਤੀ ਗਈ ਤੇ ਇਹਨਾਂ ਵਿਚੋਂ ਇੱਕ ਤੋਂ ਉਹਨਾਂ ਨੂੰ ਨਕਦੀ ਬਰਾਮਦ ਹੋਈ.Byte - ਗੁਰਦੀਪ ਸਿੰਘ ( ਡੀਐਸਪੀ ਅਮਲੋਹ)

-----------------------------------------------------------------

ਪੰਜਾਬ ਨੂੰ ਅਪਰਾਧ ਮੁਕਤ ਸੂਬਾ ਬਣਾਉਣ ਲਈ ਵਿੱਢੀ ਗਈ ਮੁਹਿੰਮ ਤਹਿਤ ਲਗਾਤਾਰ ਅਪਰਾਧਿਕ ਅਨਸਰਾ ਨੂੰ ਕਾਬੂ ਕੀਤਾ ਜਾ ਰਿਹਾ ਏ।

ਇਸੇ ਸੰਬੰਧ ‘ਚ  ਗੈਗਸਟਰ ਵਿਰੋਧੀ ਟਾਸਕ ਫੋਰਸ ਅਤੇ ਸੀ.ਆਈ.ਏ ਜੈਤੋ ਦੀ ਇੱਕ ਸਾਂਝੀ ਕਾਰਵਾਈ ਵਿੱਚ ਵਿਦੇਸ਼ੀ ਗੈਗਸਟਰ ਗੌਰਵ ਉਰਫ ਲੱਕੀ ਅਤੇ ਦਵਿੰਦਰ ਬੰਬੀਹਾ ਗੈਗ ਦੇ ਸ਼ੂਟਰ ਮਨਪ੍ਰੀਤ ਸਿੰਘ ਉਰਫ਼ ਮਨੀ ਨੂੰ  ਪਿੰਡ ਘੁਗਿਆਣਾ ਨਜ਼ਦੀਕ ਮੁਠਭੇੜ ਤੋ ਬਾਅਦ ਕਾਬੂ ਕੀਤਾ ਗਿਆ। ਵਧੇਰੇ ਜਾਣਕਾਰੀ ਦਿੰਦਿਆਂ ਫਰੀਦਕੋਟ ਦੇ ਐਸ.ਐਸ.ਪੀ ਡਾ. ਪ੍ਰਗਿਆ ਜੈਨ ਨੇ ਕਿਹਾ ਕਿ, ਇੱਕ ਖਾਸ ਜਾਣਕਾਰੀ ਮਿਲਣ ‘ਤੇ ਕਾਰਵਾਈ ਕਰਦਿਆਂ  ਏ.ਜੀ.ਟੀ.ਐਫ ਅਤੇ ਸੀ.ਆਈ.ਏ ਜੈਤੋ ਵੱਲੋਂ ਨੇ ਕਾਰਵਾਈ ਕਰਦਿਆਂ ਇਹਨਾਂ ਨੂੰ ਫੜ੍ਹਿਆ ਏ. ਉਹਨਾਂ ਦੱਸਿਆ ਕਿ ਪੁਲਿਸ ਪਾਰਟੀ ਨੇ ਇੱਕ ਪਿਸਟਲ,30 ਬੋਰ ਅਤੇ ਅਤੇ 4 ਜਿੰਦਾ ਕਾਰਤੂਸ ਬਰਾਮਦ ਕੀਤੇ ਨੇ.

---------------------------------------------------

ਪੰਜਾਬ-ਚੰਡੀਗੜ੍ਹ ਸਰਹੱਦ 'ਤੇ ਹੋਲੀ ਦੌਰਾਨ ਲਾਏ ਗਏ ਨਾਕੇ 'ਤੇ ਹੋਏ ਹਾਦਸੇ ਵਿੱਚ ਦੋ ਪੁਲਿਸ ਮੁਲਾਜ਼ਮਾਂ ਸਮੇਤ ਤਿੰਨ ਲੋਕਾਂ ਦੀ ਮੌਤ ਹੋ ਗਈ। ਇਹ ਘਟਨਾ ਅੱਜ ਸਵੇਰੇ ਵਾਪਰੀ। ਇੱਕ ਕਾਰ ਅਚਾਨਕ ਤੇਜ਼ੀ ਨਾਲ ਆਈ ਅਤੇ ਇਸਨੇ ਨਾਕੇ 'ਤੇ ਖੜ੍ਹੇ ਪੁਲਿਸ ਵਾਲਿਆਂ ਨੂੰ ਟੱਕਰ ਮਾਰ ਦਿੱਤੀ। ਟੱਕਰ ਵਿੱਚ ਤਿੰਨ ਲੋਕ ਕਾਰ ਦੀ ਲਪੇਟ ਵਿੱਚ ਆ ਗਏ। ਪੁਲਿਸ ਨੇ ਸੁਰੱਖਿਆ ਲਈ ਨਾਕੇ 'ਤੇ ਕੰਡਿਆਲੀ ਤਾਰ ਲਗਾਈ ਹੋਈ ਸੀ। ਤਿੰਨੋਂ ਵਿਅਕਤੀ ਤਾਰਾਂ ਵਿੱਚ ਫਸ ਗਏ ਅਤੇ ਉਨ੍ਹਾਂ ਦੇ ਸਰੀਰ ਦੇ ਟੁਕੜੇ ਹੋ

ਗਏ। ਸੀਸੀਟੀਵੀ ਕੈਮਰਿਆਂ ਦੀ ਨਿਗਰਾਨੀ ਰਾਹੀਂ ਕਾਰ ਨੰਬਰ ਦੇ ਆਧਾਰ 'ਤੇ ਪੁਲਿਸ ਨੇ ਮੁਲਜ਼ਮ ਦੀ ਪਛਾਣ ਕੀਤੀ ਅਤੇ ਉਸਨੂੰ ਗ੍ਰਿਫ਼ਤਾਰ ਕਰ ਲਿਆ ਏ । ਪੁਲਿਸ ਵੱਲੋਂ ਕਰਾਏ ਗਏ ਮੇਡਿਕਲ'ਚ ਦੱਸਿਆ ਗਿਆ ਏ ਕਿ ਚਾਲਕ ਸ਼ਰਾਬ ਦੇ ਨਸ਼ੇ 'ਚ ਸੀ .ਸੂਚਨਾ ਮਿਲਦੇ ਹੀ ਚੰਡੀਗੜ੍ਹ ਦੇ ਐਸਐਸਪੀ ਕੰਵਰਦੀਪ ਕੌਰ ਖੁਦ ਮੌਕੇ 'ਤੇ ਪਹੁੰਚੇ ਅਤੇ ਘਟਨਾ ਦਾ ਜਾਇਜ਼ਾ ਲਿਆ। ਪੁਲਿਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਏ ।

-----------------------------------------------------------------

ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਏ ਕਿ ਪੰਜਾਬ ਸਰਕਾਰ ਰਾਜ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਏ ਤੇ ਰਾਜ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰਾਂ ਵਿੱਚ ਤਰਜੀਹੀ ਤੌਰ ਤੇ ਵਿਕਾਸ ਕੀਤਾ ਜਾ ਰਿਹਾ ਏ । ਇਹ ਗੱਲ ਓਹਨਾਂ ਪੰਜਾਬ ਸਰਕਾਰ ਵੱਲੋਂ ਜ਼ਿਲੇ ਦੇ ਸੈਕੈਂਡਰੀ ਅਤੇ ਹਾਈ ਸਕੂਲਾਂ ਦੇ ਵਿਕਾਸ ਲਈ ਇੱਕ ਕਰੋੜ ਰੁਪਏ ਦੀ ਰਾਸ਼ੀ ਖਰਚਣ ਸਬੰਧੀ ਜਾਣਕਾਰੀ ਦਿੰਦਿਆਂ ਕਹੀ । ਉਨ੍ਹਾਂ ਇਹ ਵੀ ਦੱਸਿਆ ਕਿ ਨਬਾਰਡ ਪ੍ਰੋਜੈਕਟ ਆਰ.ਆਈ.ਡੀ.ਐਫ ਤਹਿਤ, ਜ਼ਿਲ੍ਹਾ ਫ਼ਰੀਦਕੋਟ ਦੇ ਵੱਖ ਵੱਖ ਸਕੂਲਾਂ ਵਿੱਚ ਕਲਾਸਰੂਮਾਂ ਦੀ ਉਸਾਰੀ ਲਈ 1 ਕਰੋੜ 8 ਲੱਖ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ। ਜਿਸ ਨਾਲ ਇਨ੍ਹਾਂ ਸਕੂਲਾਂ ਦੀ ਦਿੱਖ ਹੋਰ ਸੁੰਦਰ ਹੋਵੇਗੀ। ਓਹਨਾਂ ਇਹ

ਵੀ ਕਿਹਾ ਕਿ ਪੰਜਾਬ ਸਰਕਾਰ ਸੂਬੇ ਅੰਦਰ ਸਕੂਲਾਂ ਦੀ ਕਾਇਆ-ਕਲਪ ਲਈ ਲਗਾਤਾਰ ਉਪਰਾਲੇ ਕਰਕੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਵੱਡੇ ਪੱਧਰ ਤੇ ਮਜ਼ਬੂਤ ਕਰ ਰਹੀ ਏ।

---------------------------------------------

- ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਰੂਸ-ਯੂਕਰੇਨ ਜੰਗ 'ਤੇ ਧਿਆਨ ਦੇਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸਮੇਤ ਦੁਨੀਆ ਦੇ ਕਈ ਨੇਤਾਵਾਂ ਦਾ ਧੰਨਵਾਦ ਕੀਤਾ ਏ।
- ਭਾਰਤ ਨੇ ਪਾਕਿਸਤਾਨ ਦੇ ਇਨ੍ਹਾਂ ਇਲਜ਼ਾਮਾਂ ਨੂੰ ਬੇਬੁਨਿਆਦ ਕਰਾਰ ਦਿੱਤਾ ਏ, ਕਿ ਉੱਥੇ ਰੇਲਗੱਡੀ ਨੂੰ ਅਗਵਾ ਕਰਨ ਵਿੱਚ ਭਾਰਤ ਦਾ ਹੱਥ ਸੀ।
- ਰੰਗਾਂ ਦਾ ਤਿਉਹਾਰ ਹੋਲੀ, ਪੂਰੇ ਦੇਸ਼ ਦੇ ਨਾਲ-ਨਾਲ ਪੰਜਾਬ ਵਿੱਚ ਵੀ ਬੜੀ ਉਤਸ਼ਾਹ ਨਾਲ ਮਨਾਇਆ ਗਿਆ .
- ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਦਾ ਅੱਜ ਦੂਜਾ ਦਿਨ ਏ. ਇਸ ਮੌਕੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸ੍ਰੀ ਅਨੰਦਪੁਰ ਸਾਹਿਬ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਇਆ ਜਾਏਗਾ.

- ਪੰਜਾਬ ਵਿੱਚ, ਪਹਿਲੀ ਮਾਰਚ ਤੋਂ ਸ਼ੁਰੂ ਕੀਤੀ ਗਈ ਨਸ਼ਿਆਂ ਵਿਰੁੱਧ ਮੁਹਿੰਮ'ਚ ਹੁਣ ਤਕ, ਰਾਜ ਵਿੱਚ 1750 ਤੋਂ ਵੱਧ ਨਸ਼ਾ ਤਸਕਰਾਂ, ਨੂੰ ਗ੍ਰਿਫਤਾਰ ਕੀਤਾ ਜਾ ਚੁਕਿਆ ਏ.